**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ, ਜ਼ਿਲ੍ਹਾ ਬਰਨਾਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਅਧਿਕਾਰਿਤ ਨੁਮਾਇੰਦੇ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ (88721-00053) ਦੀ ਤਰਫੋਂ ਸ਼੍ਰੀਮਤੀ ਆਸ਼ਾ ਰਾਣੀ, ਐਡਵੋਕੇਟ (76968-65167) ਅਤੇ ਪਹਿਲੀ ਅਪੀਲੀ ਅਥਾਰਟੀ ਦੀ ਤਰਫੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇ (82830-38959)।

**ਹੁਕਮ:**

ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਅਧਿਕਾਰਿਤ ਨੁਮਾਇੰਦੇ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ ਦੀ ਤਰਫੋਂ ਹਾਜ਼ਰ ਸ਼੍ਰੀਮਤੀ ਆਸ਼ਾ ਰਾਣੀ, ਐਡਵੋਕੇਟ ਨੇ ਆਪਣਾ ਜਵਾਬ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕੀਤੀ ਜਾਂਦੀ ਹੈ। ਪਹਿਲੀ ਅਪੀਲੀ ਅਥਾਰਟੀ ਦੀ ਤਰਫੋਂ ਹਾਜ਼ਰ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ ਦੀ ਬੇਨਤੀ ਅਨੁਸਾਰ ਉਸ ਨੂੰ ਹਾਲ ਦੀ ਘੜੀ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ। ਜੇਕਰ ਲੋੜ ਪਈ ਤਾਂ ਉਸ ਨੂੰ ਬੁਲਾਇਆ ਜਾ ਸਕਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਮਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ (90410-04313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਮਲੇਰਕੋਟਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:18 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 20-03-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਨੁਕਤਾ ਨੰ:1, 6 ਅਤੇ 7 ਬਾਰੇ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਰਮ ਚੰਦ, ਜੂਨੀਅਰ ਇੰਜੀਨੀਅਰ ਨੇ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਸੀ। ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਸੀ ਅਤੇ ਸੂਚਨਾ ਨੂੰ ਚੈੱਕ ਕਰਨ ਵਾਸਤੇ ਕੁੱਝ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਸ਼ਰੂਤੀ, ਐਡਵੋਕੇਟ, (ਮੋਬ 99887-21479)
82 ਲੇਬਰ ਕਲੌਨੀ, ਸਕੂਟਰ ਮਾਰਕੀਟ ਦੇ ਪਿੱਛੇ,
ਗਿੱਲ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 894 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਤੀਸ਼ ਕੁਮਾਰ, ਡਰਾਫਟਸਮੈਨ (96460-31802)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਨਿਗਮ, ਲੁਧਿਆਣਾ ਦੇ ਅਧਿਕਾਰ ਖੇਤਰ ਵਿੱਚ ਜ਼ੋਨ-ਡੀ (ਸਰਾਭਾ ਨਗਰ) ਅਤੇ ਜੋਨ-ਸੀ ਵਿੱਚ u/6 ਕੈਟੇਗਰੀ ਵਿੱਚ 01 ਅਪ੍ਰੈਲ, 2015 ਤੋਂ ਬਣੀਆਂ ਇਮਾਰਤਾਂ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਡਰਾਫਟਸਮੈਨ ਨੇ ਪੱਤਰ ਨੰ:35/ਪੀ.ਆਈ.ਓ./ਡੀ.ਆਰ.ਜੀ.-ਸੀ/ਡੀ, ਮਿਤੀ 29-04-2019 ਅਤੇ ਪੱਤਰ ਨੰ:43/ਏ.ਟੀ.ਪੀ.ਡੀ./ਆਰ.ਟੀ.ਆਈ./ਡੀ, ਮਿਤੀ 02-05-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਮਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਸ਼ਰੁਤੀ, ਐਡਵੋਕੇਟ, (ਮੋਬ 99887-21479)
82 ਲੇਬਰ ਕਲੌਨੀ, ਸਕੂਟਰ ਮਾਰਕੀਟ ਦੇ ਪਿੱਛੇ,
ਗਿੱਲ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 895 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਤੀਸ਼ ਕੁਮਾਰ, ਡਰਾਫਟਸਮੈਨ (96460-31802)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਨਿਗਮ, ਲੁਧਿਆਣਾ ਦੇ ਅਧਿਕਾਰ ਖੇਤਰ ਵਿੱਚ ਜ਼ੋਨ-ਏ ਅਤੇ ਬੀ ਵਿੱਚ u/6 ਕੈਟੇਗਰੀ ਵਿੱਚ 01 ਅਪ੍ਰੈਲ, 2015 ਤੋਂ ਮਿਤੀ-ਅੰਤ ਤੱਕ ਬਣੀਆਂ ਇਮਾਰਤਾਂ ਜਾਂ ਉਸਾਰੀ ਅਧੀਨ ਇਮਾਰਤਾਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਡਰਾਫਟਸਮੈਨ ਨੇ ਪੱਤਰ ਨੰ:376/ਏ.ਟੀ.ਪੀ./ਏ/ਆਰ.ਟੀ.ਆਈ./ਡੀ, ਮਿਤੀ 02-05-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੱਤਰ, ਮਿਤੀ 07-03-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 04-04-2019 ਨੂੰ ਰਿਕਾਰਡ ਦੇਖ ਕੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਇਸ ਸਬੰਧੀ ਲਿਖਤੀ ਰੂਪ ਵਿੱਚ ਰਸੀਦ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਵੱਲੋਂ ਮਿਤੀ 04-04-2019 ਨੂੰ ਦਿੱਤੀ ਗਈ ਰਸੀਦ ਨੂੰ ਵਾਚਣ ਤੇ ਇਹ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 895 /2019

ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 04-04-2019 ਨੂੰ ਪ੍ਰਾਪਤ ਕੀਤੀ ਗਈ ਸੂਚਨਾ ਕੇਵਲ ਜ਼ੋਨ-ਏ ਨਾਲ ਸਬੰਧਤ ਹੈ ਜਦੋ ਕਿ ਉਸ ਵੱਲੋਂ ਜ਼ੋਨ-ਬੀ ਬਾਰੇ ਵੀ ਸੂਚਨਾ ਮੰਗੀ ਗਈ ਹੈ। ਿ ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜ਼ੋਨ-ਬੀ ਨਾਲ ਸਬੰਧਤ ਬਾਕੀ ਰਹਿੰਦੀ ਸੂਚਨਾ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਮਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵੀਰ ਸਿੰਘ ਸੈਣੀ,(ਮੋਬ 9988721479)
ਮਕਾਨ ਨੰ:349, ਗਲੀ ਨੰ: 3 ਦਸਮੇਸ਼ ਨਗਰ,
ਡਿਗਾਣਾ ਰੋਡ, ਹੁਸ਼ਿਆਰਪੁਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਮੁੱਖ ਸੱਕਤਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ (ਆਈ.ਟੀ.ਵਿੰਗ) ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਮੁੱਖ ਸੱਕਤਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:898 /2019**

**ਹਾਜ਼ਰ:-**

1) ਸ਼੍ਰੀ ਬਲਵੀਰ ਸਿੰਘ ਸੈਣੀ, ਅਪੀਲਕਰਤਾ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀਮਤੀ ਦਲਜੀਤ ਕੌਰ, ਵਧੀਕ ਡਾਇਰੈਕਟਰ, ਉਦਯੋਗਿਕ ਸਿਖਲਾਈ (98147-04982), ਸ਼੍ਰੀ ਹਰਪਾਲ ਸਿੰਘ, ਉਪ ਡਾਇਰੈਕਟਰ, ਉਦਯੋਗਿਕ ਸਿਖਲਾਈ ਅਤੇ ਸ਼੍ਰੀਮਤੀ ਗੁਰਵਿੰਦਰ ਕੌਰ, ਸੀਨੀਅਰ ਸਹਾਇਕ-ਕਮ-ਏ.ਪੀ.ਆਈ.ਓ., ਤਕਨੀਕੀ ਸਿੱਖਿਆ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 30-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਪ੍ਰਮੁੱਖ ਸੱਕਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ (ਆਈ.ਟੀ.ਵਿੰਗ) ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸਰਕਾਰ ਦੇ ਪਿੱਠ ਅੰਕਣ ਨੰ:1/106/2018-2ਤਸਿ1/184-86, ਮਿਤੀ 13-08-2018 ਦੇ ਪੱਤਰ ਅਨੁਸਾਰ ਬਦਲੀਆਂ ਕਰਨ/ਬਦਲੀਆਂ ਰੱਦ ਕਰਨ ਅਤੇ ਡੀ.ਡੀ.ਓ.ਪਾਵਰਾਂ ਦੇਣ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀਮਤੀ ਦਲਜੀਤ ਕੌਰ, ਵਧੀਕ ਡਾਇਰੈਕਟਰ, ਉਦਯੋਗਿਕ ਸਿਖਲਾਈ ਨੇ ਪੱਤਰ ਨੰ:11/13/2019-2ਤਸਿ1/1476266/1, ਮਿਤੀ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:898 /2019**

06-05-2019 ਰਾਹੀਂ ਨੁਕਤਾਵਾਰ ਸੂਚਨਾ ਪੇਸ਼ ਕੀਤੀ ਹੈ ਜਿਸ ਦੀ ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਦਸਤੀ ਦੇ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਅਜਿਹੀਆਂ ਸੂਚਨਾਵਾਂ ਮੰਗਣ ਦਾ ਆਦੀ ਹੈ ਅਤੇ ਉਹ ਬਿਨ੍ਹਾਂ ਕਿਸੇ ਕਾਰਨ ਉੱਤਰਦਾਤਾ ਨੂੰ ਪ੍ਰੇਸ਼ਾਨ ਕਰ ਰਿਹਾ ਹੈ। ਇਸ ਲਈ ਉੱਤਰਦਾਤਾ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਅਪੀਲਕਰਤਾ ਨੂੰ ਅਜਿਹੀਆਂ ਸੂਚਨਾਵਾਂ ਮੰਗਣ ਤੋਂ ਗੁਰੇਜ਼ ਕਰਨ ਦੀ ਹਦਾਇਤ ਕੀਤੀ ਜਾਵੇ ਤਾਂ ਜ਼ੋ ਆਰ.ਟੀ.ਆਈ. ਐਕਟ ਦੀ ਦੁਰਵਰਤੋਂ ਨੂੰ ਰੋਕਿਆ ਜਾ ਸਕੇ।

3. ਅਪੀਲਕਰਤਾ ਨੂੰ ਜਦੋਂ ਉਸ ਦੀ ਆਰ.ਟੀ.ਆਈ. ਅਰਜ਼ੀ ਦੇ ਪੈਰ੍ਹਾ 1 ਵਿੱਚ ਭ੍ਰਿਸ਼ਟਾਚਾਰ ਸਬੰਧੀ ਵਰਤੀ ਗਈ ਸ਼ਬਦਾਵਲੀ ਬਾਰੇ ਪੁੱਛਿਆ ਗਿਆ ਕਿ ਇਹ ਸ਼ਬਦਾਵਲੀ ਕਿਸ ਅਧਾਰ ਤੇ ਲਿਖੀ ਗਈ ਹੈ ਤਾਂ ਉਹ ਇਸ ਬਾਰੇ ਕੋਈ ਵੀ ਜਵਾਬ ਨਹੀਂ ਦੇ ਸਕਿਆ। ਅਪੀਲਕਰਤਾ ਨੂੰ ਭਵਿੱਖ ਵਿੱਚ ਅਜਿਹੀ ਸ਼ਬਦਾਵਲੀ ਦੀ ਵਰਤੋਂ ਤੋਂ ਗੁਰੇਜ਼ ਕਰਨ ਲਈ ਸਖਤ ਚਿਤਾਵਨੀ ਦਿੱਤੀ ਗਈ। ਅਪੀਲਕਰਤਾ ਨੇ ਆਪਣੀ ਗਲ ਤੀ ਮੰਨੀ ਹੈ ਅਤੇ ਭਵਿੱਖ ਵਿੱਚ ਅਜਿਹੀ ਸ਼ਬਦਾਵਲੀ ਨਾ ਵਰਤਣ ਦਾ ਭਰੋਸਾ ਦਿੱਤਾ ਹੈ।

4. ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਮਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵੀਰ ਸਿੰਘ ਸੈਣੀ,(ਮੋਬ 9988721479)
ਮਕਾਨ ਨੰ:349, ਗਲੀ ਨੰ: 3 ਦਸਮੇਸ਼ ਨਗਰ,
ਡਿਗਾਣਾ ਰੋਡ, ਹੁਸ਼ਿਆਰਪੁਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਦਯੋਗਿਕ ਸਿਖਲਾਈ ਸੰਸਥਾ,
ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਦਯੋਗਿਕ ਸਿਖਲਾਈ ਸੰਸਥਾ,
ਹੁਸ਼ਿਆਰਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:900 /2019**

**ਹਾਜ਼ਰ:-**

1) ਸ਼੍ਰੀ ਬਲਵੀਰ ਸਿੰਘ ਸੈਣੀ, ਅਪੀਲਕਰਤਾ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀਮਤੀ ਦਲਜੀਤ ਕੌਰ, ਵਧੀਕ ਡਾਇਰੈਕਟਰ, ਉਦਯੋਗਿਕ ਸਿਖਲਾਈ (98147-04982), ਸ਼੍ਰੀ ਹਰਪਾਲ ਸਿੰਘ, ਉਪ ਡਾਇਰੈਕਟਰ, ਉਦਯੋਗਿਕ ਸਿਖਲਾਈ ਅਤੇ ਸ਼੍ਰੀਮਤੀ ਗੁਰਵਿੰਦਰ ਕੌਰ, ਸੀਨੀਅਰ ਸਹਾਇਕ-ਕਮ-ਏ.ਪੀ.ਆਈ.ਓ., ਤਕਨੀਕੀ ਸਿੱਖਿਆ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 21-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਉਦਯੋਗਿਕ ਸਿਖਲਾਈ ਸੰਸਥਾ, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸੰਸਥਾ ਵਿਖੇ ਸਾਲ 2017-2018 ਵਿੱਚ ਹੋਈਆਂ ਸਥਾਨਕ (ਲੋਕਲ)/ਜੋਨਲ/ਸੂਬਾ ਪੱਧਰੀ ਖੇਡਾਂ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀਮਤੀ ਦਲਜੀਤ ਕੌਰ, ਵਧੀਕ ਡਾਇਰੈਕਟਰ, ਉਦਯੋਗਿਕ ਸਿਖਲਾਈ ਨੇ ਪੱਤਰ ਨੰ:1095, ਮਿਤੀ 06-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਕਮਿਸ਼ਨ ਨੂੰ ਪੇਸ਼ ਕਰਦੇ ਹੋਏ ਕਿਹਾ ਹੈ ਕਿ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:900 /2019**

ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਪਰੰਤੂ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਉਸ ਨੇ ਇਹ ਵੀ ਦੱਸਿਆ ਹੈ ਕਿ ਉਸ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ ਨੰ:481/2019, ਮਿਤੀ 06-05-2019 ਰਾਹੀਂ ਅਪੀਲੀ ਅਥਾਰਟੀ, ਉਦਯੋਗਿਕ ਸੰਸਥਾ ਹੁਸ਼ਿਆਰਪੁਰ ਨੂੰ ਵੀ ਸੂਚਿਤ ਕੀਤਾ ਗਿਆ ਸੀ ਪਰੰਤੂ ਉਸ ਨੂੰ ਅਜੇ ਤੱਕ ਸੋਧੀ ਹੋਈ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਵੱਲੋਂ ਅਪੀਲੀ ਅਥਾਰਟੀ ਨੂੰ ਭੇਜੇ ਗਏ ਪੱਤਰ ਦੀ ਕਾਪੀ ਕਮਿਸ਼ਨ ਨੂੰ ਵੀ ਪੇਸ਼ ਕੀਤੀ ਗਈ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ।

4. ਅਪੀਲਕਰਤਾ ਵੱਲੋ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ, ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਦੇ ਸਨਮੁੱਖ ਕਮਿਸ਼ਨ ਵੱਲੋਂ ਗਹੁ ਨਾਲ ਘੋਖਣ ਉਪਰੰਤ, ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ, ਚੰਡੀਗੜ੍ਹ, 07 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਦੀਪ ਸਿੰਘ, (ਮੋਬ 90411-44793)
ਭਾਈ ਮਹਾਂ ਸਿੰਘ ਨਗਰ,
ਗਲੀ ਨੰ:7, ਡਾਬਾ ਲੁਹਾਰਾ ਰੋਡ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਨਗਰ ਨਿਗਮ ਜ਼ੋਨ-ਡੀ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 908 /2019**

**ਹਾਜ਼ਰ:-**

1) ਸ਼੍ਰੀ ਮਨਦੀਪ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਤੀਸ਼ ਕੁਮਾਰ, ਡਰਾਫਟਸਮੈਨ (96460-31802)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 22-06-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਨਗਰ ਨਿਗਮ ਜ਼ੋਨ-ਡੀ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਸ਼ਿਕਾਇਤ ਨੰ:7067/ਪੀ.ਐਸ./ਜੀ, ਮਿਤੀ 29-12-2017 ਤੇ ਹੋਈ ਕਾਰਵਾਈ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਡਰਾਫਟਸਮੈਨ ਨੇ ਪੱਤਰ ਨੰ:40/ਪੀ.ਆਈ.ਓ.ਡੀ.ਆਰ.ਜੀ.-ਸੀ/ਡੀ, ਮਿਤੀ 02-05-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਵੱਖ-ਵੱਖ ਪੱਤਰਾਂ, ਨੰ:424, ਮਿਤੀ 28-12-2017, ਨੰ:127, 129 ਅਤੇ 131, ਮਿਤੀ 03-08-2018, ਨੰ:15, ਮਿਤੀ 05-04-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਨਹੀਂ ਮਿਲੀ। ਉਸ ਨੇ ਕਿਹਾ ਉਸ ਨੂੰ ਉਸ ਦੀ ਦਰਖਾਸਤ ਜਿਹੜੀ ਡਿਪਟੀ ਕਮਿਸ਼ਨਰ ਵੱਲੋਂ ਮਾਰਕ ਕਰਕੇ ਭੇਜੀ ਗਈ ਹੈ, ਉਸ ਦੀ ਕਾਪੀ ਦਿੱਤੀ ਜਾਵੇ। ਹਾਜ਼ਰ ਉੱਤਰਦਾਤਾ ਨੇ ਉਸ ਕੋਲ ਉਲਬਧ ਦਰਖਾਸਤ ਦੀ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਿੱਤੀ ਪਰੰਤੂ ਅਪੀਲਕਰਤਾ ਨੇ ਕਿਹਾ ਕਿ ਇਹ ਉਸ ਦਰਖਾਸਤ ਦੀ ਕਾਪੀ ਨਹੀਂ ਹੈ ਜਿਹੜੀ ਕਿ ਡਿਪਟੀ ਕਮਿਸ਼ਨਰ ਵੱਲੋਂ ਮਾਰਕ ਕਰਕੇ ਦਫਤਰ ਵੱਲੋਂ ਮੋਹਰ ਲਗਾ ਹਾਜ਼ਰ ਉੱਤਰਦਾਤਾ ਦੇ ਦਫ਼ਤਰ ਨੂੰ ਅਗਲੇਰੀ ਕਾਰਵਾਈ ਲਈ ਭੇਜੀ ਗਈ ਸੀ। ਹਾਜ਼ਰ ਉੱਤਰਦਾਤਾ ਨੇ ਕਿਹਾ ਕਿ ਉਨ੍ਹਾਂ ਕੋਲ ਇਸ ਤੋਂ ਇਲਾਵਾ ਹੋਰ ਦਰਖਾਸਤ ਨਹੀਂ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਠੀਕ ਹੈ। ਪਰ ਉੱਤਰਦਾਤਾ (ਲੋਕ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ 908 /2019**

ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਉਹ ਦਰਖਾਸਤ ਜੋ ਕਿ ਡਿਪਟੀ ਕਮਿਸ਼ਨਰ ਵੱਲੋਂ ਮਾਰਕ ਹੋ ਕੇ ਮੋਹਰ ਲੱਗ ਕੇਆਈ ਹੈ, ਦੀ ਕਾਪੀ ਦਿੱਤੀ ਜਾਵੇ ਅਤੇ ਜੇਕਰ ਉਨ੍ਹਾਂ ਦੇ ਰਿਕਾਰਡ ਵਿੱਚ ਉਹ ਦਰਖਾਸਤ ਮੌਜੂਦ ਨਾ ਹੋਵੇ ਤਾਂ ਇਸ ਬਾਰੇ ਸਵੈ-ਘੋਸ਼ਣਾ ਪੱਤਰ ਪੇਸ਼ ਕੀਤਾ ਜਾਵੇ ਅਤੇ ਇੱਕ ਕਾਪੀ ਅਪੀਲਕਰਤਾ ਨੂੰ ਵੀ ਦਿੱਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਮਹਾਜਨ, (ਮੋਬ 98143-54649)
ਪੁੱਤਰ ਸ਼੍ਰੀ ਕੁਲਦੀਪ ਰਾਜ,
ਪ੍ਰਧਾਨ ਭ੍ਰਿਸ਼ਟਾਚਾਰ ਵਿਰੋਧੀ ਕੌਂਸਿਲ,
ਸਾਹਮਣੇ ਵਾਟਰ ਟੈਂਕ,
ਮਿਊਂਸਿਪਲ ਮਾਰਕੀਟ,
ਮਿਸ਼ਨ ਰੋਡ, ਪਠਾਨਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:2,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਿਗਰਾਨ ਇੰਜੀਨੀਅਰ,
ਲੋਕ ਨਿਰਮਾਣ ਵਿਭਾਗ (ਉਸਾਰੀ ਸਰਕਲ),
ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ: 914 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (90419-97235)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ:2, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 02-10-2017 ਤੋ 01-10-2018 ਤੱਕ ਮੰਡਲ ਵੱਲੋਂ ਪ੍ਰਾਪਤ ਕੀਤੀਆਂ ਗਈਆਂ ਗਰਾਂਟਾਂ ਅਤੇ ਉਨ੍ਹਾਂ ਦੀ ਵਰਤੋਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 06-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਜਦੋਂ ਕਿ ਉਸ ਵੱਲੋਂ ਮਿਤੀ 20-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਕਰਦੇ ਸਮੇਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਵੀ ਸੂਚਿਤ ਕੀਤਾ ਗਿਆ ਸੀ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਜੂਨੀਅਰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 914 /2019

ਇੰਜੀਨੀਅਰ ਨੇ ਪੱਤਰ ਨੰ:1828, ਮਿਤੀ 06-05-2019, ਸਮੇਤ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:1783 ਮਿਤੀ 01-05-2019 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਤੋਂ ਇਲਾਵਾ ਕਮਿਸ਼ਨ ਵੱਲੋਂ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 01-10-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ 07 ਮਹੀਨੇ ਦਾ ਸਮਾਂ ਬੀਤ ਜਾਣ ਤੋਂ ਵੀ ਬਾਅਦ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਖਾਤੇ ਵਿੱਚੋਂ ਅਦਾਇਗੀ ਕਰਕੇ ਅਦਾਇਗੀ ਸਬੰਧੀ ਰਸੀਦ ਪੇਸ਼ੀ ਦੀ ਅਗਲੀ ਮਿਤੀ ਤੇ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਮਹਾਜਨ, (ਮੋਬ 98143-54649)
ਪੁੱਤਰ ਸ਼੍ਰੀ ਕੁਲਦੀਪ ਰਾਜ,
ਪ੍ਰਧਾਨ ਭ੍ਰਿਸ਼ਟਾਚਾਰ ਵਿਰੋਧੀ ਕੌਂਸਿਲ,
ਸਾਹਮਣੇ ਵਾਟਰ ਟੈਂਕ,
ਮਿਊਂਸਿਪਲ ਮਾਰਕੀਟ,
ਮਿਸ਼ਨ ਰੋਡ, ਪਠਾਨਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਉਪ ਮੰਡਲ ਅਫਸਰ (ਉਸਾਰੀ)
ਉਪ ਮੰਡਲ ਡਿਵੀਜ਼ਨ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਲਹਿਰਾਗਾਗਾ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਿਗਰਾਨ ਇੰਜੀਨੀਅਰ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ ਸਰਕਲ),
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 926/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-10-2018, ਲੋਕ ਸੂਚਨਾ ਅਧਿਕਾਰੀ -ਕਮ-ਉਪ ਮੰਡਲ ਅਫਸਰ (ਉਸਾਰੀ) ਉਪ ਮੰਡਲ ਡਿਵੀਜ਼ਨ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਲਹਿਰਾਗਾਗਾ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 02-10-2017 ਤੋ 01-10-2018 ਤੱਕ ਮੰਡਲ ਵੱਲੋਂ ਲਏ ਗਏ ਕੰਮਾਂ/ਕੀਤੇ ਗਏ ਕੰਮਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 06-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਜਦੋਂ ਕਿ ਉੱਤਰਦਾਤਾ ਵੱਲੋਂ ਮਿਤੀ 16-10-2018 ਨੂੰ ਮੰਗੀ ਗਈ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 926 /2019**

ਫੀਸ 40/- ਰੁਪਏ ਦੀ ਫੀਸ ਵੀ ਉਸ ਵੱਲੋਂ ਮਿਤੀ 25-10-2018 ਨੂੰ ਵੀ ਭੇਜੀ ਜਾ ਚੁੱਕੀ ਹੈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈਪੱਤਰ ਅਨਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 07 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਮਹਾਜਨ, (ਮੋਬ 98143-54649)
ਪੁੱਤਰ ਸ਼੍ਰੀ ਕੁਲਦੀਪ ਰਾਜ,
ਪ੍ਰਧਾਨ ਭ੍ਰਿਸ਼ਟਾਚਾਰ ਵਿਰੋਧੀ ਕੌਂਸਿਲ,
ਸਾਹਮਣੇ ਵਾਟਰ ਟੈਂਕ,
ਮਿਊਂਸਿਪਲ ਮਾਰਕੀਟ,
ਮਿਸ਼ਨ ਰੋਡ, ਪਠਾਨਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਉਪ ਮੰਡਲ ਅਫਸਰ,
ਇਲੈਕਟ੍ਰੀਕਲ ਉਪ ਮੰਡਲ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ-ਕਮ-
ਨਿਗਰਾਨ ਇੰਜੀਨੀਅਰ, ਇਲੈਕਟ੍ਰੀਕਲ ਮੰਡਲ (ਦੱਖਣੀ)
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ ਸ਼ਾਖਾ),
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 931/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਭਾਸ਼ ਚੰਦਰ, ਜੂਨੀਅਰ ਇੰਜੀਨੀਅਰ (81465-37391)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-10-2018, ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਅਫਸਰ, ਇਲੈਕਟ੍ਰੀਕਲ ਉਪ ਮੰਡਲ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 02-10-2017 ਤੋ 01-10-2018 ਤੱਕ ਉਪ ਮੰਡਲ ਵੱਲੋਂ ਲਏ ਗਏ ਕੰਮਾਂ/ਕੀਤੇ ਗਏ ਕੰਮਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਭਾਸ਼ ਚੰਦਰ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:10, ਮਿਤੀ 25-04-2019, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:08

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 931 /2019**

ਮਿਤੀ 25-04-2019 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਰਾਹੀਂ ਭੇਜੇ ਗਏ ਪੱਤਰ ਨੰ:ਏ.ਸੀ.ਸੀ./23225, ਮਿਤੀ 06-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 07 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**